# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :18-06-2026**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ 1.74 ਲੱਖ ਕਰੋੜ ਰੁਪਏ ਦਾ ਨਿਵੇਸ਼ ਆਕਰਸ਼ਿਤ ਕਰਕੇ, ਪੰਜਾਬ ਨੇ ਇਤਿਹਾਸਕ ਮੀਲ ਮੀਲ ਪੱਥਰ ਸਥਾਪਤ ਕੀਤਾ ਏ। ਇਸ ਨਾਲ ਸੂਬੇ ਵਿੱਚ ਵੱਡੇ ਪੱਧਰ 'ਤੇ ਉਦਯੋਗਿਕ ਵਿਕਾਸ ਹੋਇਆ ਏ। ਇਸ ਵੱਡੇ ਪੂੰਜੀ ਨਿਵੇਸ਼ ਨੇ ਰੋਜ਼ਗਾਰ ਦੇ 5.89 ਲੱਖ ਨਵੇਂ ਮੌਕੇ ਪੈਦਾ ਕਰਕੇ ਸਥਾਨਕ ਨੌਜਵਾਨਾਂ ਨੂੰ ਸਸ਼ਕਤ ਬਣਾਇਆ ਏ, ਜਿਸ ਨਾਲ ਖਿੱਤੇ ਦੀ ਆਰਥਿਕਤਾ ਨੂੰ ਵੀ ਵੱਡਾ ਹੁਲਾਰਾ ਮਿਲਿਆ ਏ। ਸਪੀਕਰ ਨੇ ਕਿਹਾ ਕਿ ਪੰਜਾਬ ਦੀ ਉਪਜਾਊ ਜ਼ਮੀਨ ਹੁਣ ਉਦਯੋਗਿਕ ਵਿਕਾਸ ਲਈ ਵੀ ਖੇਤੀਬਾੜੀ ਜਿੰਨੀ ਹੀ ਲਾਹੇਵੰਦ ਸਿੱਧ ਹੋ ਰਹੀ ਏ। ਉਨ੍ਹਾਂ ਨੇ ਵੱਡੇ ਆਲਮੀ ਅਤੇ ਘਰੇਲੂ ਉਦਯੋਗਿਕ ਘਰਾਣਿਆਂ ਨੂੰ  ਚ ਨਿਵੇਸ਼ ਕਰਨ ਦਾ ਸੱਦਾ ਦਿੱਤਾ।

---------------------------------------------------------

ਰਾਸ਼ਟਰੀ ਜਾਂਚ ਏਜੰਸੀ (ਐਨ ਆਈ ਏ) ਨੇ ਅੰਮ੍ਰਿਤਸਰ ਵਿੱਚ ਅੰਤਰਰਾਸ਼ਟਰੀ ਨਾਰਕੋ-ਅੱਤਵਾਦ ਨੈੱਟਵਰਕ ਮਾਮਲੇ ਵਿੱਚ ਲਸ਼ਕਰ-

ਏ-ਤੋਇਬਾ (ਐਲਈਟੀ) ਦੇ ਜਾਸੂਸ ਨਾਲ ਜੁੜੇ ਇਕ ਘਰ ਨੂੰ ਜ਼ਬਤ ਕੀਤਾ ਏ। ਇਹ ਨੈੱਟਵਰਕ ਕਈ ਦੇਸ਼ਾਂ ਵਿੱਚ ਫੈਲਿਆ ਹੋਇਆ ਏ। ਅਧਿਕਾਰਤ ਸੂਤਰਾਂ ਅਨੁਸਾਰ, ਜਾਸੂਸ ਅੰਕੁਸ਼ ਕਪੂਰ ਭਾਰਤ ਵਿੱਚ ਪਾਕਿਸਤਾਨ, ਇਟਲੀ, ਆਸਟ੍ਰੇਲੀਆ, ਈਰਾਨ, ਥਾਈਲੈਂਡ ਅਤੇ ਯੂਏਈ ਸਮੇਤ ਹੋਰ ਦੇਸ਼ਾਂ ਵਿੱਚ ਫੈਲੇ ਨਾਰਕੋ-ਅੱਤਵਾਦ ਨੈੱਟਵਰਕ ਦਾ ਇੱਕ ਮੁੱਖ ਜਾਸੂਸ ਹੈ। ਐਨਆਈਏ ਦੀ ਜਾਂਚ ਵਿੱਚ ਅੰਕੁਸ਼ ਦੇ ਦੁਬਈ ਸਥਿਤ ਇੱਕ ਦੋਸ਼ੀ ਨਾਲ ਸਬੰਧਾਂ ਦਾ ਖੁਲਾਸਾ ਹੋਇਆ ਸੀ ਜੋ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ- ਲਸ਼ਕਰ-ਏ-ਤੋਇਬਾ ਨਾਲ ਜੁੜਿਆ ਹੋਇਆ ਸੀ। ਅੰਕੁਸ਼ ਨੂੰ ਪਿਛਲੇ ਸਾਲ ਗ੍ਰਿਫਤਾਰ ਕੀਤਾ ਗਿਆ ਸੀ। ਉਹ ਨਸ਼ੀਲੇ ਪਦਾਰਥਾਂ ਦੀ ਤਸਕਰੀ, ਆਵਾਜਾਈ, ਭੰਡਾਰ ਅਤੇ ਵੰਡ ਨਾਲ ਸਬੰਧਤ ਸਾਜ਼ਿਸ਼ ਦਾ ਬਹੁਤ ਮਹੱਤਵਪੂਰਨ ਜਾਸੂਸ ਸੀ। ਉਹ ਵੱਖ-ਵੱਖ ਦੇਸ਼ਾਂ ਵਿੱਚ ਬੈਠੇ ਹੋਰ ਅਪਰਾਧੀਆਂ ਨੂੰ ਅੱਤਵਾਦ ਦੀ ਕਮਾਈ ਨੂੰ ਲਾਂਡਰਿੰਗ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਸੀ। ਜਾਂਚ ਵਿਚ ਖੁਲਾਸਾ ਹੋਇਆ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਤੋਂ ਕੀਤੀ ਗਈ ਕਮਾਈ ਨੂੰ ਭਾਰਤ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਵਿੱਤ ਅਤੇ ਇਨ੍ਹਾਂ ਨੂੰ ਉਤਸ਼ਾਹਿਤ ਕਰ ਲਈ ਕੀਤੀ ਜਾ ਰਹੀ ਸੀ।

------------------------------------------------------------

ਅੱਜ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ 420ਵਾਂ ਸ਼ਹੀਦੀ ਦਿਹਾੜਾ ਪੂਰੀ

ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ. ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਵਿਸ਼ੇਸ਼ ਸਮਾਗਮ ਕਰਵਾਏ ਜਾ ਰਹੇ ਨੇ . ਇਸ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸਰਾਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪੰਚਕੂਲਾ ਵਿਚ ਗੁਰੂਦੁਆਰਾ ਸ਼੍ਰੀ ਨਾਡਾ ਸਾਹਿਬ ਵਿਖੇ ਪਹੁੰਚ ਕੇ ਮੱਥਾ ਟੇਕਿਆ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸੇ ਤਰ੍ਹਾਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵੀ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਟ ਕੀਤੀ ਏ।

-----------------------------------------------------

ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ (ਜਲੰਧਰ ਵੱਲੋਂ ਮਾਨਸਾ ਜ਼ਿਲ੍ਹੇ ਵਿੱਚ ਨਰਮੇ ਦੀ ਫ਼ਸਲ ਵਿੱਚ ਕੀੜਿਆਂ ਅਤੇ ਬਿਮਾਰੀਆਂ ਦੀ ਮੌਜੂਦਾ ਸਥਿਤੀ ਦਾ ਮੁਲੰਕਣ ਕਰਨ ਲਈ ਇੱਕ ਸਾਂਝਾ ਖੇਤਰੀ ਸਰਵੇਖਣ ਕੀਤਾ ਗਿਆ ਏ। ਸਾਂਝੀ ਸਰਵੇਖਣ ਟੀਮ ਨੇ ਜ਼ਿਲ੍ਹੇ ਦੇ ਪ੍ਰਮੁੱਖ ਨਰਮਾ ਉਤਪਾਦਕ ਖੇਤਰਾਂ ਦਾ ਦੌਰਾ ਕੀਤਾ, ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਫ਼ਸਲ ਵਿੱਚ ਕੀੜਿਆਂ ਅਤੇ ਬਿਮਾਰੀਆਂ ਦੀ ਮੌਜੂਦਾ ਸਥਿਤੀ ਦਾ ਮੁਲਾਂਕਣ ਕਰਨ ਲਈ ਵਿਵਸਥਿਤ ਖੇਤਰੀ ਨਿਗਰਾਨੀ ਕੀਤੀ। ਸਰਵੇਖਣ ਦੌਰਾਨ

ਨਰਮੇ ਦੀ ਫ਼ਸਲ ਵਿੱਚ ਕਿਸੇ ਵੀ ਪ੍ਰਮੁੱਖ ਕੀੜੇ ਜਾਂ ਬਿਮਾਰੀ ਦਾ ਪ੍ਰਕੋਪ ਨਹੀਂ ਪਾਇਆ ਗਿਆ। ਹਾਲਾਂਕਿ, ਕੁਝ ਖੇਤਰਾਂ ਵਿੱਚ ਚਿੱਟੀ ਮੱਖੀ ਦੀ ਮੌਜੂਦਗੀ ਦਰਜ ਕੀਤੀ ਗਈ, ਜਿਸਦੀ ਗਿਣਤੀ ਆਰਥਿਕ ਨੁਕਸਾਨ ਪੱਧਰ ਤੋਂ ਘੱਟ ਪਾਈ ਗਈ। ਕਿਸਾਨਾਂ ਨੂੰ ਪ੍ਰਮੁੱਖ ਕੀੜਿਆਂ ਅਤੇ ਬਿਮਾਰੀਆਂ ਦੀ ਮੁੱਢਲੀ ਪਛਾਣ ਬਾਰੇ ਜਾਗਰੂਕ ਕੀਤਾ ਗਿਆ ਅਤੇ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ।

-----------------------------------------------------------

ਪੰਜਾਬ ਰਾਜ ਸਫ਼ਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ ਨੇ ਜਲੰਧਰ ਪੱਛਮੀ ਸਮੇਤ ਸ਼ਹਿਰ ਦੀਆਂ ਵੱਖ-ਵੱਖ ਥਾਵਾਂ ’ਤੇ ਸਫ਼ਾਈ ਤੇ ਸੀਵਰੇਜ ਵਿਵਸਥਾ ਦਾ ਜਾਇਜ਼ਾ ਲਿਆ ਤੇ ਸਫ਼ਾਈ ਸੇਵਕਾਂ ਦੀ ਹਾਜ਼ਰੀ ਦੀ ਜਾਂਚ ਕੀਤੀ। ਉਨ੍ਹਾਂ ਨਾਲ ਨਗਰ ਨਿਗਮ ਦੇ ਜੁਆਇੰਟ ਕਮਿਸ਼ਨਰ ਮਨਦੀਪ ਕੌਰ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ। ਚੇਅਰਮੈਨ ਨੇ ਕਿਹਾ ਕਿ ਸ਼ਹਿਰ ਵਿੱਚ ਸਫ਼ਾਈ ਵਿਵਸਥਾ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਨੇ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੀਆਂ ਦੇ ਸਾਰੇ ਵਾਰਡਾਂ, ਬਾਜ਼ਾਰਾਂ, ਚੌਕਾਂ ਅਤੇ ਹੋਰ ਥਾਵਾਂ ’ਤੇ ਸੁਚੱਜੀ ਸਾਫ਼-ਸਫ਼ਾਈ ਯਕੀਨੀ ਬਣਾਈ ਜਾਵੇ। ਸ਼੍ਰੀ ਗਰੇਵਾਲ ਨੇ ਨਗਰ ਨਿਗਮ ਅਧਿਕਾਰੀਆਂ ਨੂੰ ਸਫ਼ਾਈ ਸੇਵਕਾਂ ਦੀ

ਹਾਜ਼ਰੀ ਯਕੀਨੀ ਬਣਾਉਣ ਲਈ ਨਿਯਮਿਤ ਤੌਰ ’ਤੇ ਚੈਕਿੰਗ ਕਰਨ ਦੇ ਆਦੇਸ਼ ਦਿੱਤੇ।

-----------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਵਿਜੇ ਕਿਸ਼ੋਰ ਰਹਾਟਕਰ ਨੇ ਪਟਿਆਲਾ 'ਚ ਕਿਹਾ ਹੈ ਕਿ ਪੀੜਤ ਮਹਿਲਾਵਾਂ ਨੂੰ ਨਿਆਂ ਦਿਵਾਉਣ ਲਈ ਕੌਮੀ ਮਹਿਲਾ ਕਮਿਸ਼ਨ ਦੇ ਦਰਵਾਜੇ ਹਮੇਸ਼ਾ ਖੁੱਲ੍ਹੇ ਨੇ। ਉਨ੍ਹਾਂ ਅੱਜ ਇੱਥੇ ਪੁਲਿਸ ਲਾਈਨਜ ਵਿਖੇ 'ਰਾਸ਼ਟਰੀ ਮਹਿਲਾ ਕਮਿਸ਼ਨ ਆਪਕੇ ਦੁਆਰ' ਤਹਿਤ ਜਨ ਸੁਣਵਾਈ ਕੈਂਪ ਮੌਕੇ 45 ਦੇ ਲਗਪਗ ਮਾਮਲਿਆਂ 'ਚ ਪੀੜਤ ਮਹਿਲਾਵਾਂ ਦੀ ਸੁਣਵਾਈ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਮੌਕੇ 'ਤੇ ਹੀ ਸਬੰਧਤ ਪੁਲਿਸ ਤੇ ਹੋਰ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਪਹੁੰਚਯੋਗ, ਸੰਵੇਦਨਸ਼ੀਲ ਅਤੇ ਸਮੇਂ ਸਿਰ ਨਿਆਂ ਪ੍ਰਦਾਨ ਕਰਨਾ ਕਮਿਸ਼ਨ ਦੀ ਪਹਿਲੀ ਤਰਜੀਹ ਏ।

-----------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਵੱਲੋਂ ਬੀਤੇ ਕੱਲ੍ਹ ਕਮਿਸ਼ਨ ਹਾਸਲ ਕਰਨ ਵਾਲੇ ਹੋਣਹਾਰ ਕੈਡਿਟਾਂ ਅਤੇ ਨੈਸ਼ਨਲ ਡਿਫੈਂਸ ਅਕੈਡਮੀ (ਐਨ.ਡੀ.ਏ.) ਤੋਂ ਗ੍ਰੈਜੂਏਟ ਹੋਏ ਕੈਡਿਟਾਂ ਨੂੰ ਵੱਕਾਰੀ “ਅਚੀਵਰਜ਼ ਐਵਾਰਡ” ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਮਈ ਅਤੇ ਜੂਨ 2026 ਵਿੱਚ ਨੌਂ ਕੈਡਿਟਾਂ ਨੇ

ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨ ਹਾਸਲ ਕੀਤਾ ਜਦੋਂ ਕਿ ਪੰਜ ਕੈਡਿਟਾਂ ਨੇ ਹਾਲ ਹੀ ਵਿੱਚ ਐਨ.ਡੀ.ਏ.ਤੋਂ ਗ੍ਰੈਜੂਏਸ਼ਨ ਕੀਤੀ ਏ। ਸੈਕਟਰ 77 ਸਥਿਤ ਸੰਸਥਾ ਦੇ ਕੈਂਪਸ ਵਿਖੇ ਕਰਵਾਏ ਗਏ ਇਸ ਅਵਾਰਡ ਸਮਾਰੋਹ ਦੌਰਾਨ ਸਾਬਕਾ ਕਮਾਂਡੈਂਟ ਅਤੇ ਗਵਰਨਿੰਗ ਬਾਡੀ ਦੇ ਪਹਿਲੇ ਮੈਂਬਰਾਂ ਵਿੱਚ ਸ਼ਾਮਲ ਏਅਰ ਮਾਰਸ਼ਲ ਟੀ.ਐਸ. ਰੰਧਾਵਾ ਨੇ ਕੈਡਿਟਾਂ ਨੂੰ ਵਧਾਈ ਦਿੱਤੀ।

---------------------------------------------------------

ਜਲੰਧਰ ਦੇ ਵਧੀਕ ਡਿਪਟੀ ਕਮਿਸ਼ਨਰ ਤੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਮਨਿੰਦਰ ਕੌਰ ਨੇ ਅੱਜ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ ਸਬੰਧੀ ਵੋਟਰ ਜਾਗਰੂਕਤਾ ਵਧਾਉਣ ’ਤੇ ਜ਼ੋਰ ਦਿੱਤਾ। ਸਵੀਪ ਨੋਡਲ ਅਫ਼ਸਰਾਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਸਵੀਪ ਗਤੀਵਿਧੀਆਂ ਦਾ ਜਾਇਜ਼ਾ ਲੈਂਦਿਆਂ ਲੋਕਾਂ ਨੂੰ ਐਸ.ਆਈ.ਆਰ. ਪ੍ਰਕਿਰਿਆ ਬਾਰੇ ਜਾਣੂ ਕਰਵਾਉਣ ਲਈ ਵੱਡੇ ਪੱਧਰ ’ਤੇ ਜਾਗਰੂਕਤਾ ਗਤੀਵਿਧੀਆਂ ਕਰਵਾਉਣ ਦੀ ਹਦਾਇਤ ਕੀਤੀ। ਉਨ੍ਹਾਂ ਨੌਜਵਾਨ ਵਰਗ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਈ.ਐਲ.ਸੀ. ਕਲੱਬਾਂ ਅਤੇ ਐਨ.ਐਸ.ਐਸ. ਵਲੰਟੀਅਰਾਂ ਨੂੰ ਵੀ ਜਾਗਰੂਕਤਾ ਮੁਹਿੰਮ ਵਿੱਚ ਸ਼ਾਮਲ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਬੂਥ ਲੈਵਲ ਅਫ਼ਸਰਾਂ ਵੱਲੋਂ ਵੋਟਰਾਂ ਪਾਸੋਂ 25 ਜੂਨ ਤੋਂ 24 ਜੁਲਾਈ 2026 ਤੱਕ ਘਰ-ਘਰ ਜਾ ਕੇ ਫਾਰਮ ਭਰਵਾਏ ਜਾਣਗੇ।